15552/h
25-06-18

ਦਫਤਰ ਜ਼ਿਲ੍ਹਾ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
(ਫੁਟਕਲ ਸ਼ਾਖਾ)

ਮੇਰੇ ਧਿਆਨ ਵਿੱਚ ਆਇਆ ਹੈ ਕਿ ਜ਼ਿਲ੍ਹੇ ਵਿੱਚ ਸਥਿੱਤ ਮੈਰਿਜ਼ ਪੈਲੇਸਾਂ, ਹੋਟਲਾਂ, ਬੈਂਕੁਇਟ ਹਾਲਾਂ ਆਦਿ ਦੇ ਮਾਲਕਾਂ/ਪ੍ਰਬੰਧਕਾਂ ਵੱਲੋਂ ਵਿਆਹ ਸ਼ਾਦੀ, ਪਾਰਟੀ ਜਾਂ ਹੋਰ ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਆਉਣ ਵਾਲੇ ਵਿਅਕਤੀਆਂ ਦੀਆਂ ਗੱਡੀਆਂ ਦੀ ਸਮਰੱਥਾ ਅਨੁਸਾਰ ਪਾਰਕਿੰਗ ਦਾ ਪ੍ਰਬੰਧ ਨਹੀਂ ਕੀਤਾ ਜਾਂਦਾ ਹੈ। ਇਨ੍ਹਾਂ ਸਮਾਗਮਾਂ ਵਿੱਚ ਆਉਣ ਵਾਲੇ ਵਿਅਕਤੀ ਆਪਣੀਆਂ ਗੱਡੀਆਂ ਫੁੱਟ ਪਾਥਾਂ ਤੇ ਖੜ੍ਹੀਆਂ ਕਰ ਦਿੰਦੇ ਹਨ ਜਿਸ ਨਾਲ ਸੜਕੀ ਆਵਾਜਾਈ ਵਿੱਚ ਵਿਘਨ ਪੈਂਦਾ ਹੈ ਅਤੇ ਉਥੋਂ ਗੁਜ਼ਰਨ ਵਾਲਿਆਂ ਨੂੰ ਦਿੱਕਤ ਪੇਸ਼ ਆਉਂਦੀ ਹੈ। ਇਸ ਸਬੰਧ ਵਿੱਚ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਸੀ.ਓ.ਸੀ.ਪੀ ਨੰਬਰ 143/2010 ਵਿੱਚ ਹੁਕਮ ਪਾਸ ਕੀਤੇ ਹਨ ਕਿ ਆਵਾਜਾਈ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਇਹ ਨਿਸ਼ਚਿਤ ਕੀਤਾ ਜਾਵੇ ਕਿ ਕੋਈ ਵੀ ਗੱਡੀ ਫੁਟਪਾਥ ਤੇ ਖੜੀ ਨਾ ਕੀਤੀ ਜਾਵੇ। ਅਮਨ ਤੇ ਕਾਨੂੰਨ ਦੀ ਸਥਿੱਤੀ, ਆਮ ਜਨਤਾ ਦੀ ਸੁਰੱਖਿਆ ਅਤੇ ਮਾਨਯੋਗ ਹਾਈਕੋਰਟ ਦੇ ਹੁਕਮਾਂ ਦੀ ਪਾਲਣਾ ਵਿੱਚ ਇਨ੍ਹਾਂ ਥਾਵਾਂ ਤੇ ਕੀਤੇ ਜਾਣ ਵਾਲੇ ਸਮਾਗਮਾਂ ਸਮੇਂ ਗੱਡੀਆਂ ਨੂੰ ਫੁੱਟਪਾਥਾਂ ਤੇ ਖੜੀਆਂ ਨਾ ਕਰਨ ਸਬੰਧੀ ਰੋਕ ਲਾਉਣੀ ਜ਼ਰੂਰੀ ਹੋ ਗਈ ਹੈ।

ਮੈਂ, ਗੁਰਪ੍ਰੀਤ ਕੌਰ ਸਪਰਾ, ਆਈ.ਏ.ਐਸ., ਜ਼ਿਲ੍ਹਾ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਫੌਜ਼ਦਾਰੀ ਜ਼ਾਬਤਾ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਪ੍ਰਾਪਤ ਹੋਈਆਂ ਸ਼ਕਤੀਆਂ ਦੀ ਵਰਤੋਂ ਕਰਦੀ ਹੋਈ ਜ਼ਿਲ੍ਹੇ ਵਿੱਚ ਸਥਿੱਤ ਮੈਰਿਜ਼ ਪੈਲੇਸਾਂ, ਹੋਟਲਾਂ, ਬੈਂਕੁਇਟ ਹਾਲਾਂ ਆਦਿ ਦੇ ਮਾਲਕਾਂ/ਪ੍ਰਬੰਧਕਾਂ ਨੂੰ ਹਦਾਇਤ ਕਰਦੀ ਹਾਂ ਕਿ ਇਨ੍ਹਾਂ ਸਥਾਨਾਂ ਤੇ ਕੀਤੇ ਜਾਣ ਵਾਲੇ ਸਮਾਗਮਾਂ ਸਮੇਂ ਗੱਡੀਆਂ ਨੂੰ ਉਚਿਤ ਜਗ੍ਹਾ ਤੇ ਪਾਰਕ ਕਰਨ ਦਾ ਪ੍ਰਬੰਧ ਕੀਤਾ ਜਾਵੇ ਅਤੇ ਇਹ ਸੁਨਿਸ਼ਚਿਤ ਕੀਤਾ ਜਾਵੇ ਕਿ ਇਨ੍ਹਾਂ ਸਮਾਗਮ ਵਿੱਚ ਆਉਣ ਵਾਲਾ ਕੋਈ ਵੀ ਵਿਅਕਤੀ ਆਪਣੀ ਗੱਡੀ ਨੂੰ ਫੁੱਟਪਾਥ ਤੇ ਖੜ੍ਹਾ ਨਾ ਕਰੇ। ਜੇਕਰ ਮਾਲਕ/ਪ੍ਰਬੰਧਕ ਇਸ ਹੁਕਮ ਦੀ ਉਲੰਘਣਾ ਕਰਦਾ ਹੈ ਤਾਂ ਉਸ ਦੇ ਖਿਲਾਫ਼ ਕਾਨੂੰਨੀ ਕਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਹਾਲਾਤ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕ ਤਰਫਾ ਜਾਰੀ ਕੀਤਾ ਜਾਂਦਾ ਹੈ ਅਤੇ ਆਮ ਜਨਤਾ ਨੂੰ ਸੰਬੋਧਿਤ ਕੀਤਾ ਜਾਂਦਾ ਹੈ।

ਇਹ ਹੁਕਮ ਮਿਤੀ 21-06-2018 ਤੋਂ 20-08-2018 ਤੱਕ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ ਤੁਰੰਤ ਅਸਰ ਨਾਲ ਲਾਗੂ ਹੋਵੇਗਾ।

ਸੀਨੀਅਰ ਕਪਤਾਨ ਪੁਲਿਸ ਇਸ ਹੁਕਮ ਨੂੰ ਲਾਗੂ ਕਰਵਾਉਣ ਲਈ ਅਗਲੀ ਕਰਵਾਈ ਅਮਲ ਵਿੱਚ ਲਿਆਉਣਗੇ।

ਇਹ ਹੁਕਮ ਦਾ ਪ੍ਰਚਾਰ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਇਲਾਕਿਆਂ ਵਿੱਚ ਢੋਲ ਵਜਾ ਕੇ, ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਐਸ.ਏ.ਐਸ.ਨਗਰ ਦੀ ਪ੍ਰਚਾਰ ਵੈਨ ਅਤੇ ਸਰਕਾਰੀ ਦਫ਼ਤਰਾਂ ਦੇ ਨੋਟਿਸ ਬੋਰਡਾਂ ਤੇ ਇਸ ਹੁਕਮ ਦੀਆਂ ਕਾਪੀਆ ਚਸਪਾ ਕਰਕੇ ਰੇਡੀਓ ਟੈਲੀਵਿਜਨ, ਦੂਰਦਰਸ਼ਨ ਅਤੇ ਪ੍ਰੈਸ ਰਾਹੀਂ ਆਮ ਜਨਤਾ ਤੱਕ ਪਹੁੰਚਾਇਆ ਜਾਵੇ।

ਇਹ ਹੁਕਮ ਅੱਜ ਮਿਤੀ 21-06-2018 ਨੂੰ ਮੇਰੇ ਹਸਤਾਖ਼ਰਾਂ ਅਤੇ ਮੋਹਰ ਅਦਾਲਤ ਨਾਲ ਜਾਰੀ ਕੀਤਾ ਗਿਆ।

ਸਹੀ/-
**ਗੁਰਪ੍ਰੀਤ ਕੌਰ ਸਪਰਾ, ਆਈ.ਏ.ਐਸ.**
**ਜ਼ਿਲ੍ਹਾ ਮੈਜਿਸਟਰੇਟ,**
**ਸਾਹਿਬਜਾਦਾ ਅਜੀਤ ਸਿੰਘ ਨਗਰ।**

EXECUTIVE MAGISTRATE S.A.S. NAGAR

ਪਿੱਠ ਅੰਕਣ ਨੰ: 9346-939 /ਐਮ.ਸੀ-1 ਮਿਤੀ: 21/06/2018

ਇਸ ਦਾ ਇੱਕ ਉਤਾਰਾ:-

1 ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2 ਪ੍ਰਮੁੱਖ ਸਕੱਤਰ ਪੰਜਾਬ ਸਰਕਾਰ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਚੰਡੀਗੜ੍ਹ।
3 ਕਮਿਸ਼ਨਰ, ਰੂਪਨਗਰ ਮੰਡਲ, ਰੂਪਨਗਰ।
4 ਡੀ.ਆਈ.ਜੀ. ਰੇਜ ਰੂਪਨਗਰ।
5 ਜਿਲਾ ਅਤੇ ਸ਼ੈਸ਼ਨ ਜੱਜ, ਐਸ.ਏ.ਐਸ.ਨਗਰ।
6 ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
7 ਸੀਨੀਅਰ ਪੁਲਿਸ ਕਪਤਾਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
8 ਸਮੂਹ ਜਿਲਾ ਮੈਜਿਸਟਰੇਟ ਰੂਪਨਗਰ, ਫਤਹਿਗੜ੍ਹ ਸਾਹਿਬ, ਪਟਿਆਲਾ, ਸੰਗਰੂਰ, ਮਾਨਸਾ, ਲੁਧਿਆਣਾ, ਬਠਿੰਡਾ, ਫਿਰੋਜ਼ਪੁਰ, ਫਰੀਦਕੋਟ, ਮੋਗਾ, ਮੁਕਤਸਰ, ਅੰਮ੍ਰਿਤਸਰ, ਤਰਨ ਤਾਰਨ, ਜਲੰਧਰ, ਕਪੂਰਥਲਾ, ਹੁਸ਼ਿਆਰਪੁਰ, ਸ਼ਹੀਦ ਭਗਤ ਸਿੰਘ ਨਗਰ, ਗੁਰਦਾਸਪੁਰ, ਬਰਨਾਲਾ, ਫਾਜਲਿਕਾ, ਪਠਾਨਕੋਟ।
9 ਕਮਿਸ਼ਨਰ, ਨਗਰ ਨਿਗਮ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
10 ਸਿਵਲ ਸਰਜਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
11 ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
12 ਉਪ ਮੰਡਲ ਮੈਜਿਸਟਰੇਟ, ਮੋਹਾਲੀ, ਖਰੜ, ਡੇਰਾਬਸੀ।
13 ਤਹਿਸੀਲਦਾਰ, ਮੋਹਾਲੀ, ਖਰੜ, ਡੇਰਾਬਸੀ।
14 ਨਾਇਬ ਤਹਿਸੀਲਦਾਰ, ਮਾਜਰੀ, ਬਨੂੰੜ, ਜੀਰਕਪੁਰ।
15 ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ, ਮਾਜਰੀ, ਖਰੜ, ਡੇਰਾਬਸੀ।
16 ਕਾਰਜ ਸਾਧਕ ਅਫ਼ਸਰ, ਖਰੜ, ਕੁਰਾਲੀ, ਡੇਰਾਬਸੀ, ਨਿਆ ਗਰਾਓ, ਜੀਰਕਪਰ, ਬਨੂੜ, ਜੀਰਕਪੁਰ, ਲਾਲੜੂ।
17 ਜ਼ਿਲ੍ਹਾ ਟਰਾਂਸਪੋਰਟ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
18 ਜਿਲ੍ਹਾ ਇੰਨਫੋਰਮੈਟਿਕ ਅਫਸਰ, ਸਾਹਿਬਜਾਦਾ ਅਜੀਤ ਸਿੰਘ ਨਗਰ ਨੂੰ ਧਾਰਾ 144 ਦੇ ਹੁਕਮ ਜਿਲ੍ਹੇ ਦੀ ਵੈਬ ਸਾਈਟ ਤੇ ਅਪ ਲੋਡ ਕਰਨ ਸਬੰਧੀ।
19 ਸਕੱਤਰ ਮਾਰਕੀਟ ਕਮੇਟੀ ਖਰੜ, ਡੇਰਾਬਸੀ, ਕੁਰਾਲੀ, ਲਾਲੜੂ, ਬਨੂੰੜ।
20 ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
21 ਜ਼ਿਲ੍ਹਾ ਸਿੱਖਿਆ ਅਫ਼ਸਰ(ਪ੍ਰਾਇਮਰੀ) ਸਾਹਿਬਜ਼ਾਦਾ ਅਜੀਤ ਸਿੰਘ ਨਗਰ।
22 ਸੁਪਰਡੰਟ ਗਰੇਡ-1/ਪੀ.ਏ.ਟੂ ਡੀ.ਐਮ./ਸਟੈਨੋ ਟੂ ਏ.ਡੀ.ਐਮ.(ਜ)/ਸਟੈਨੋ ਟੂ ਸ:ਕ:(ਜ) ਨੂੰ ਸੂਚਨਾ ਤੇ ਅਗਲੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਵਾ:ਜ਼ਿਲ੍ਹਾ ਮੈਜਿਸਟਰੇਟ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

ਸੀਨੀਅਰ ਕਪਤਾਨ ਪੁਲਿਸ
ਐਸ.ਏ.ਐਸ. ਨਗਰ